## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:15-04-2024**

ਕਾਂਗਰਸ ਪਾਰਟੀ ਨੇ ਲੋਕ ਸਭਾ ਚੋਣਾਂ ਲਈ, ਪੰਜਾਬ ਦੀਆਂ 13 ਸੀਟਾਂ ਵਿੱਚੋਂ 6 ਲਈ ਕੱਲ੍ਹ ਰਾਤ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਏ । ਜਲੰਧਰ ਰਾਖਵੇਂ ਲੋਕ ਸਭਾ ਹਲਕੇ ਤੋਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਉਮੀਦਵਾਰ ਬਣਾਇਆ ਗਿਆ ਏ । ਇਸ ਤੋਂ ਇਲਾਵਾ ਅੰਮ੍ਰਿਤਸਰ ਤੋਂ ਗੁਰਜੀਤ ਸਿੰਘ ਔਜਲਾ, ਫ਼ਤਹਿਗੜ੍ਹ ਸਾਹਿਬ ਰਾਖਵੇਂ ਲੋਕ ਸਭਾ ਹਲਕੇ ਤੋਂ ਅਮਰ ਸਿੰਘ, ਬਠਿੰਡਾ ਤੋਂ ਜੀਤ ਮੋਹਿੰਦਰ ਸਿੰਘ ਸਿੱਧੂ, ਸੰਗਰੂਰ ਤੋਂ ਸੁਖਪਾਲ ਸਿੰਘ ਖਹਿਰਾ ਅਤੇ ਪਟਿਆਲਾ ਤੋਂ ਡਾਕਟਰ ਧਰਮਵੀਰ ਗਾਂਧੀ ਨੂੰ ਪਾਰਟੀ ਨੇ ਆਪਣਾ ਉਮੀਦਵਾਰ ਐਲਾਨਿਆ ਏ ।

---

ਸ਼੍ਰੋਮਣੀ ਅਕਾਲੀ ਦਲ ਨੇ ਵੀ ਲੋਕਸਭਾ ਚੋਣਾਂ ਲਈ, ਆਪਣਾ ਚੋਣ ਮਨੋਰਥ ਪੱਤਰ ਤਿਆਰ ਕਰਨਾ ਸ਼ੁਰੂ ਕਰ ਦਿੱਤਾ ਏ । ਇਸੇ ਲੜੀ

ਤਹਿਤ, ਅੱਜ ਸ਼੍ਰੋਮਣੀ ਅਕਾਲੀ ਦਲ ਦੀ ਚੋਣ ਮਨੋਰਥ ਪੱਤਰ ਕਮੇਟੀ ਦੀ ਇਕ ਮੀਟਿੰਗ ਚੰਡੀਗੜ੍ਹ ਵਿੱਚ ਹੋਣ ਜਾ ਰਹੀ ਏ। ਪਾਰਟੀ ਦੇ ਸੀਨੀਅਰ ਆਗੂ, ਬਲਵਿੰਦਰ ਸਿੰਘ ਭੂੰਦੜ ਇਸ ਕਮੇਟੀ ਦੇ ਚੇਅਰਮੈਨ ਨੇ। ਇਸ ਵਿੱਚ ਪਾਰਟੀ ਵੱਲੋਂ ਚੋਣ ਮਨੋਰਥ ਪੱਤਰ ਸਬੰਧੀ ਰਣਨੀਤੀ ਬਣਾਈ ਜਾਵੇਗੀ । ਅਕਾਲੀ ਦਲ ਦੀ ਕੋਸ਼ਿਸ਼ ਏ, ਕਿ ਚੋਣ ਮਨੋਰਥ ਪੱਤਰ ਅਜਿਹਾ ਹੋਵੇ, ਕਿ ਪਾਰਟੀ ਹਰ ਵਰਗ ਨੂੰ ਲੁਭਾ ਸਕੇ ਅਤੇ ਇਹ ਨੌਜਵਾਨਾਂ 'ਤੇ ਕੇਂਦਰਿਤ ਹੋਣ ਦੇ ਨਾਲ-ਨਾਲ, ਵਿਕਾਸ ਦਾ ਵਿਜ਼ਨ ਵੀ ਪੇਸ਼ ਕਰੇ।

---------------------------------------------------------

ਮੁਹਾਲੀ ਦੇ ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਕਿਹਾ ਏ, ਕਿ ਚੋਣਾਂ ਨਾਲ ਸਬੰਧਤ ਹੋਰਡਿੰਗਜ਼, ਪੋਸਟਰ ਤੇ ਬੈਨਰਾਂ 'ਤੇ, ਪ੍ਰਿੰਟਰ ਅਤੇ ਪ੍ਰਕਾਸ਼ਕ ਦੀ ਪਛਾਣ ਲਾਜ਼ਮੀ ਦਰਜ ਹੋਣੀ ਚਾਹੀਦੀ ਏ। ਉਨ੍ਹਾਂ ਕਿਹਾ ਕਿ ਕਮਿਸ਼ਨ ਨੂੰ ਵੱਖ-ਵੱਖ ਪ੍ਰਤੀ ਬੇਨਤੀਆਂ ਪ੍ਰਾਪਤ ਹੋਈਆਂ ਨੇ, ਜਿਸ ਵਿੱਚ ਕਿਹਾ ਗਿਆ ਏ ਕਿ ਸਥਾਨਕ ਸਵੈ-ਸਰਕਾਰ ਤੇ ਮਿਊਂਸੀਪਲ ਅਥਾਰਟੀਆਂ ਵਲੋਂ ਨਿਯੰਤਰਿਤ ਹੋਰਡਿੰਗ

ਸਥਾਨਾਂ ਤੇ ਪ੍ਰਿੰਟਰ ਜਾਂ ਪ੍ਰਕਾਸ਼ਕ ਦੀ ਪਛਾਣ ਤੋਂ ਬਿਨਾਂ ਹੋਰਡਿੰਗ ਦੇਖੇ ਗਏ ਨੇ। ਉਨਾਂ ਕਿਹਾ ਕਿ ਇਸ ਸ਼ਰਤ ਦੀ ਕਿਸੇ ਵੀ ਰੂਪ ਉਲੰਘਣਾ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ । ਉਨ੍ਹਾਂ ਸਾਰੀਆਂ ਮਿਉਂਸਪਲ ਅਥਾਰਟੀਆਂ ਜਾਂ ਅਜਿਹੀਆਂ ਅਥਾਰਟੀਆਂ ਜਿਹੜੀਆਂ ਹੋਰਡਿੰਗਜ਼, ਪੋਸਟਰਾਂ, ਬੈਨਰਾਂ ਲਈ ਜ਼ਿੰਮੇਵਾਰ ਨੇ, ਨੂੰ ਚੋਣ ਕਮਿਸ਼ਨ ਦੇ ਹੁਕਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਲਈ ਆਖਿਆ ਏ।

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਇਤਿਹਾਸ ਦੀਆਂ 2 ਅਹਿਮ ਸ਼ਤਾਬਦੀਆਂ, ਸ੍ਰੀ ਗੁਰੂ ਰਾਮਦਾਸ ਜੀ ਦਾ 450 ਸਾਲਾ ਗੁਰਤਾ-ਗੱਦੀ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦਾ 450 ਸਾਲਾ ਜੋਤੀ ਜੋਤਿ ਦਿਵਸ, ਕੌਮੀ ਜਾਹੋ-ਜਲਾਲ ਨਾਲ ਮਨਾਉਣ ਲਈ ਸਮਾਗਮਾਂ ਦੀ ਆਰੰਭਤਾ ਕੱਲ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਤੋਂ ਪੰਥਕ ਰਵਾਇਤਾਂ ਅਨੁਸਾਰ ਕੀਤੀ ਗਈ । ਇਹ ਸ਼ਤਾਬਦੀ ਦਿਹਾੜੇ 16 ਤੋਂ 18 ਸਤੰਬਰ ਦੌਰਾਨ ਮਨਾਏ ਜਾਣਗੇ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਵਿਸ਼ਾਲ

ਅੰਮ੍ਰਿਤ ਸੰਚਾਰ ਹੋਇਆ, ਜਿਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਗੁਰਮਿੰਦਰ ਸਿੰਘ ਨੇ ਵੀ ਉਚੇਚੇ ਤੌਰ ’ਤੇ ਸ਼ਮੂਲੀਅਤ ਕੀਤੀ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਨ੍ਹਾਂ ਦੋਹਾਂ ਸ਼ਤਾਬਦੀਆਂ ਦੇ ਸਮਾਗਮ ਵੀ ਇਤਿਹਾਸਕ ਹੋਣਗੇ।

---------------------------------------------------------------

ਭਾਰਤ ਰਤਨ ਡਾ ਬੀ ਆਰ ਅੰਬੇਡਕਰ ਦੀ ਜੈਯੰਤੀ ਤੇ ਵਿਸਾਖੀ ਮੌਕੇ, ਡਾ ਬੀ ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਐੱਨ.ਆਈ.ਟੀ ਜਲੰਧਰ ਵੱਲੋਂ. ਕਲ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਸੰਸਥਾ ਦੇ ਡਾਇਰੈਕਟਰ ਪ੍ਰੋਫੈਸਰ ਬਿਨੋਦ ਕੁਮਾਰ ਕਨੌਜੀਆ, ਰਜਿਸਟਰਾਰ ਡਾ. ਅਜੈ ਬਾਂਸਲ, ਡੀਨ ਵਿਦਿਆਰਥੀ ਭਲਾਈ ਡਾ. ਅਨੀਸ਼ ਸਚਦੇਵਾ ਨੇ ਡਾ. ਅੰਬੇਡਕਰ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕਰਕੇ ਸਮਾਗਮ ਦੀ ਸ਼ੁਰੂਆਤ ਕੀਤੀ। ਸੰਸਥਾ ਦੇ ਵੱਖ-ਵੱਖ ਕਲੱਬਾਂ ਦੇ ਵਿਦਿਆਰਥੀਆਂ ਨੇ ਸ਼ਾਸ਼ਤਰੀ

ਨ੍ਰਿਤ, ਗਿੱਧਾ, ਸਮੂਹ ਗਾਇਨ, ਕਵਿਤਾ, ਭੰਗੜਾ ਅਤੇ ਹੋਰ ਸਭਿਆਚਾਰਕ ਗਤੀਵਿਧੀਆਂ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ। ਪ੍ਰੋਫੈਸਰ ਕਨੌਜੀਆ ਨੇ ਸੰਵਿਧਾਨ ਘੜਨ ਲਈ ਡਾ. ਅੰਬੇਡਕਰ ਦੇ ਯੋਗਦਾਨ ਅਤੇ ਕੀਤੇ ਗਏ ਯਤਨਾਂ ’ਤੇ ਚਾਨਣਾ ਪਾਇਆ ਅਤੇ ਸਮਾਨਤਾ, ਮਹਿਲਾ ਸਸ਼ਕਤੀਕਰਨ ਤੇ ਸਮਾਜ-ਵਾਦ 'ਤੇ ਜ਼ੋਰ ਦਿੱਤਾ। ਪ੍ਰੋਫੈਸਰ ਜਗਵਿੰਦਰ ਸਿੰਘ ਨੇ, ਵਿਸਾਖੀ ਦੀ ਇਤਿਹਾਸਕ ਮਹੱਤਤਾ ਅਤੇ ਡਾ. ਅੰਬੇਡਕਰ ਵੱਲੋਂ ਦੇਸ਼ ਲਈ ਕੀਤੇ ਮਹਾਨ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਅਤੇ ਵੱਡੀ ਗਿਣਤੀ ਵਿੱਚ ਸੰਸਥਾ ਦੇ ਵਿਦਿਆਰਥੀ ਤੇ ਅਧਿਆਪਕ ਮੌਜੂਦ ਸਨ।

---------------------------------------------------------

ਰਾਮ ਨੌਮੀ 'ਤੇ ਚਾਰ ਮਿੰਟ ਤੱਕ ਸੂਰਜ ਦੀਆਂ ਕਿਰਨਾਂ ਰਾਮਲੱਲ੍ਹਾ ਦਾ ਤਿਲਕ ਕਰਨਗੀਆਂ। ਵਿਗਿਆਨੀਆਂ ਨੇ ਇਸ ਦੀ ਤਿਆਰੀ ਇਸ ਦੀ ਤਿਆਰੀ ਕਰ ਲਈ ਏ ਅਤੇ ਇਸ ਸੰਬੰਧੀ ਉਪਕਰਨ ਦਾ ਸਫ਼ਲ ਵੀ ਕੀਤਾ ਗਿਆ ਏ। 75 ਮਿਲੀਮੀਟਰ ਗੋਲਾਕਾਰ ਸੂਰਜ ਨਾਲ ਭਗਵਾਨ ਸ਼੍ਰੀ ਰਾਮ ਦਾ ਅਭਿਸ਼ੇਕ ਹੋਵੇਗਾ। ਦੁਪਹਿਰ 12 ਵਜੇ ਸੂਰਜ ਦੀਆਂ

ਕਿਰਨਾਂ ਰਾਮਲੱਲ੍ਹਾ ਦੇ ਮੱਥੇ 'ਤੇ ਪੈਣਗੀਆਂ। ਕਿਰਨਾਂ ਲਗਾਤਾਰ ਚਾਰ ਮਿੰਟ ਤੱਕ ਰਾਮਲੱਲ੍ਹਾ ਦੇ ਚਿਹਰੇ ਨੂੰ ਰੌਸ਼ਨ ਕਰਨਗੀਆਂ। ਕੋਈ ਸੌ ਐੱਲ ਈ ਡੀ ਸਕ੍ਰੀਨਾਂ ਰਾਹੀਂ ਇਸ ਦਾ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ। ਸ਼ਰਧਾਲੂਆਂ ਨੂੰ ਬੇਨਤੀ ਕੀਤੀ ਗਈ ਏ ਕਿ ਉਹ ਭੀੜ ਦੀ ਪਰੇਸ਼ਾਨੀ ਤੋਂ ਬਚਣ ਲਈ ਆਪਣੇ-ਆਪਣੇ ਸਥਾਨ 'ਤੇ ਜਾ ਕੇ ਪੂਜਾ ਅਤੇ ਦਰਸ਼ਨ ਕਰਨ।

---------------------------------------------------------------------

ਪੰਜਾਬ ਵਿਚ ਮੌਸਮ ਵਿਭਾਗ ਨੇ, ਸੂਬੇ ਦੇ 19 ਜ਼ਿਲ੍ਹਿਆਂ ਲਈ ਅੱਜ ਯੈਲੋ ਅਲਰਟ ਜਾਰੀ ਕੀਤਾ ਏ। ਇਸ ਦੌਰਾਨ 30 ਤੋਂ 40 ਕਿਲੋ-ਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਤੇਜ਼ ਹਵਾਵਾਂ ਵਗਣ ਦੇ ਨਾਲ-ਨਾਲ, ਕੁਝ ਥਾਵਾਂ 'ਤੇ ਬਿਜਲੀ ਚਮਕਣ ਦੀ ਚੇਤਾਵਨੀ ਦਿੱਤੀ ਏ। ਮੀਂਹ ਦੀ ਕੋਈ ਚਿਤਾਵਨੀ ਨਹੀਂ ਏ, ਪਰ ਇਸ ਦੌਰਾਨ ਬੱਦਲ ਛਾਏ ਰਹਿਣਗੇ। ਮਾਨਸਾ, ਬਠਿੰਡਾ, ਮੁਕਤਸਰ ਅਤੇ ਫਾਜ਼ਿਲਕਾ ਵਿੱਚ ਮੌਸਮ ਪੂਰੀ ਤਰ੍ਹਾਂ ਸਾਫ਼ ਰਹੇਗਾ। ਭਲਕੇ ਤੋਂ ਪੂਰੇ ਸੂਬੇ ਵਿੱਚ ਮੌਸਮ ਸਾਫ਼ ਹੋ ਜਾਵੇਗਾ ਅਤੇ ਇਸ ਤੋਂ ਬਾਅਦ 19 ਅਪ੍ਰੈਲ ਤੱਕ ਕੋਈ ਅਲਰਟ ਨਹੀਂ ਏ। ਮੌਸਮ ਵਿੱਚ

ਇਹ ਤਬਦੀਲੀ ਪੱਛਮੀ ਗੜਬੜੀ ਦੇ ਅਸਰ ਕਾਰਨ ਆਈ ਏ । ਜਨਵਰੀ ਤੋਂ ਹੁਣ ਤੱਕ, ਮੌਸਮ ਚਾਰ ਵਾਰ ਬਦਲ ਚੁੱਕਾ ਏ । ਕੱਲ੍ਹ ਦੇ ਮੁਕਾਬਲੇ ਤਾਪਮਾਨ ਵਿੱਚ 3.7 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਏ, ਜਿਹੜਾ ਆਮ ਨਾਲੋਂ 3.8 ਡਿਗਰੀ ਘੱਟ ਏ । ਸੂਬੇ ਵਿੱਚ ਸਭ ਤੋਂ ਵੱਧ ਤਾਪਮਾਨ ਬਠਿੰਡਾ ਵਿੱਚ 33 ਡਿਗਰੀ ਦਰਜ ਕੀਤਾ ਗਿਆ, ਜਦਕਿ ਜਲੰਧਰ ਦਾ ਤਾਪਮਾਨ 29.1 ਡਿਗਰੀ ਰਿਹਾ ।